# ਜਾਰੀ ਰਹੇਗੀ ਨਸ਼ਿਆਂ ਖਿਲਾਫ ਜੰਗ, ਲੋਕਾਂ ਦੀਆਂ ਸ਼ਿਕਾਇਤਾਂ ਨੂੰ ਦਿੱਤੀ ਜਾਵੇਗੀ ਪਹਿਲ : ਗੁਪਤਾ




ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ’ਚ ਤੁਸ਼ਾਰ ਗੁਪਤਾ ਆਈਪੀਐਸ ਵੱਲੋਂ ਬਤੌਰ ਸੀਨੀਆਰ ਕਪਤਾਨ ਪੁਲਿਸ ਵਜੋਂ ਅਹੁਦਾ ਸੰਭਾਲਦਿਆਂ ਹੀ ਸਮੂਹ ਗਜਟਿਡ ਅਫਸਰਾਂ/ਮੁੱਖ ਅਫਸਰ ਥਾਣਾ ਅਤੇ ਦਫਤਰੀ ਸਟਾਫ ਨਾਲ ਪਲੇਠੀ ਮੀਟਿੰਗ ਦੌਰਾਨ ਆਖਿਆ ਕਿ ਨਸ਼ਿਆਂ ਦੇ ਖਿਲਾਫ ਜੰਗ ਜਾਰੀ ਰਹੇਗੀ ਅਤੇ ਸਮਾਜ ਦੇ ਸਹਿਯੋਗ ਨਾਲ ਇਸ ਬੁਰਾਈ ਨੂੰ ਖਤਮ ਕੀਤਾ ਜਾਵੇਗਾ। ਇਸ ਮੌਕੇ ਕਵਲਪ੍ਰੀਤ ਸਿੰਘ ਚਹਿਲ ਐਸਪੀ (ਐਚ), ਮਨਮੀਤ ਸਿੰਘ ਢਿੱਲੋ ਐਸਪੀ (ਡੀ), ਨਵੀਨ ਕੁਮਾਰ ਡੀਐਸਪੀ (CAW), ਅਮਨਦੀਪ ਸਿੰਘ ਡੀਐਸਪੀ (ਐਚ), ਈਸ਼ਾਨ ਸਿੰਗਲਾ ਡੀਐਸਪੀ (ਐਨਡੀਪੀਐਸ), ਜਸਪਾਲ ਸਿੰਘ ਡੀਐਸਪੀ(ਡੀ), ਸਤਨਾਮ ਸਿੰਘ ਡੀਐਸਪੀ (ਸਡ) ਸ੍ਰੀ ਮੁਕਤਸਰ ਸਾਹਿਬ, ਪਵਨਜੀਤ ਡੀਐਸਪੀ (ਮਲੋਟ), ਜਸਬੀਰ ਸਿੰਘ ਡੀਐਸਪੀ (ਗਿੱਦੜਬਾਹਾ), ਫਤਿਹ ਸਿੰਘ ਬਰਾੜ ਡੀਐਸਪੀ (ਲੰਬੀ) ਸਮੂਹ ਮੁੱਖ ਅਫਸਰਾਂ ਥਾਣਾ ਸਮੂਹ ਦਫਤਰ ਇੰਚਾਰਜ ਤੋਂ ਇਲਾਵਾ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਇਸ ਮੌਕੇ ਐਸਐਸਪੀ ਤੁਸ਼ਾਰ ਗੁਪਤਾ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਮਾਨਯੋਗ ਡੀਜੀਪੀ ਪੰਜਾਬ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਜੋ ਬੀੜਾ ਚੁੱਕਿਆ ਗਿਆ ਉਸ ਅਭਿਆਨ ਨੂੰ ਮੁਕਾਮ ਤੱਕ ਪਹੁੰਚਾਇਆ ਜਾਵੇਗਾ ਅਤੇ ਨਸ਼ਿਆਂ ਦੇ ਖਾਤਮੇ ਲਈ ਜ਼ਿਲ੍ਹੇ ਅੰਦਰ ਚੱਲ ਰਹੀ ਨਸ਼ਿਆਂ ਖਿਲਾਫ ਮੁਹਿੰਮ ’ਚ ਹੋਰ ਵੀ ਤੇਜ਼ੀ ਲਿਆਂਦੀ ਜਾਵੇਗੀ। ਨਸ਼ਿਆਂ ਖਿਲਾਫ ਪਿੰਡਾਂ ਅੰਦਰ ਕਮੇਟੀਆਂ ਬਣਾਈਆਂ ਜਾਣਗੀਆਂ ਅਤੇ ਉਨ੍ਹਾਂ ਦੀ ਮਦਦ ਨਾਲ ਨਸ਼ੇ ਵੇਚਣ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਆਪਣੀਆਂ ਸ਼ਿਕਾਇਤਾਂ ਲੈ ਕੇ ਥਾਣੇ/ਦਫਤਰਾਂ ’ਚ ਆਉਣ ਵਾਲੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਪਹਿਲ ਦੇ ਅਧਾਰ ਤੇ ਨਿਪਟਾਰਾ ਕੀਤਾ ਜਾਵੇਗਾ। ਐਸਐਸਪੀ ਨੇ ਕਿਹਾ ਕਿ ਸ਼ਹਿਰਾਂ ’ਚ ਟ੍ਰੈਫਿਕ ਵਿਵਸਥਾ ਸੁਧਾਰਨ ’ਤੇ ਜ਼ੋਰ ਦਿੱਤਾ ਜਾਵੇਗਾ ਅਤੇ ਪੁਲਿਸ ਟੀਮਾਂ ਦੁਆਰਾ ਸਕੂਲਾਂ/ਕਾਲਜਾਂ ਅਤੇ ਪਿੰਡਾਂ/ਸ਼ਹਿਰਾਂ ਅੰਦਰ ਸੈਮੀਨਾਰ ਲਗਾ ਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਲਾਣਾ ਕਰਨ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਸੜਕੀ ਹਾਦਸਿਆਂ ਤੋਂ ਬਚਾਇਆ ਜਾ ਸਕੇ। ਐਸਐਸਪੀ ਨੇ ਕਿਹਾ ਕਿ ਧੀਆਂ ਅਤੇ ਔਰਤਾਂ ਦੀ ਸੁਰੱਖਿਆ ਨੂੰ ਜਿਲ੍ਹੇ ਅੰਦਰ ਪਹਿਲ ਦਿੱਤੀ ਜਾਵੇਗੀ। ਸ਼ਹਿਰ ਅੰਦਰ ਅਲੱਗ ਅਲੱਗ ਥਾਵਾਂ ’ਤੇ ਨਾਕੇ ਲਗਾ ਕੇ ਚੈਕਿੰਗ ਕੀਤੀ ਜਾਵੇਗੀ ਤਾਂ ਜੋ ਅਵਾਰਾ ਘੁੰਮ ਰਹੇ ਸ਼ਰਾਰਤੀ ਅਨਸਰਾਂ ਨੂੰ ਨੱਥ ਪਾਈ ਜਾ ਸਕੇ, ਸਕੂਲਾਂ ਦੇ ਬਾਹਰ ਵਿਦਿਆਰਥਣਾਂ ਦੀ ਸੁਰੱਖਿਆ ਲਈ ਵੋਮੈਨ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਜਾਣਗੇ। ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਬੇਝਿਜਕ ਸਮਾਜ ਵਿਰੋਧੀ ਅਨਸਰਾਂ ਦੀ ਸੂਚਨਾ ਪੁਲਿਸ ਦੇ ਹੈਲਪ ਲਾਈਨ ਨੰਬਰ: 80549-42100 ਤੇ ਵਟਸ ਰਾਂਹੀ ਮੈਸਿਜ ਕਰਕੇ ਜਾਂ ਫੋਨ ਕਾਲ ਕਰਕੇ ਦੇ ਸਕਦੇ ਹੋ ਜਾਣਕਾਰੀ ਦੇਣ ਵਾਲੇ ਦਾ ਨਾਮ ਗੁੱਪਤ ਰੱਖਿਆ ਜਾਵੇਗਾ।